# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 27-12-2024**

ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦਾ ਬੀਤੀ ਰਾਤ ਨਵੀਂ ਦਿੱਲੀ ਵਿਚ ਦੇਹਾਂਤ ਹੋ ਗਿਆ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ -ਰਾਸ਼ਟਰਪਤੀ ਜਗਦੀਪ ਧਨਖੜ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਮਰਹੂਮ ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਨੂੰ ਉਨ੍ਹਾਂ ਦੀ ਰਿਹਾਇਸ਼ 'ਤੇ ਅੰਤਿਮ ਸ਼ਰਧਾਂਜਲੀ ਭੇਟ ਕੀਤੀ | ਇਕ ਵੀਡੀਓ ਸੰਦੇਸ਼ ਵਿਚ ਸ੍ਰੀ ਮੋਦੀ ਨੇ ਕਿਹਾ ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦੇ ਦੇਹਾਂਤ ਨਾਲ ਰਾਸ਼ਟਰ ਬਹੁਤ ਦੁਖੀ ਏ। ਪ੍ਰਧਾਨ ਮੰਤਰੀ ਨੇ ਕਿਹਾ, ਉਨ੍ਹਾਂ ਦਾ ਜੀਵਨ ਆਉਣ ਵਾਲੀਆਂ ਪੀੜ੍ਹੀਆਂ ਲਈ ਇਕ ਉਦਾਹਰਣ ਏ ਕਿ ਕਿਵੇਂ ਲੋਕ ਸੰਘਰਸ਼ਾਂ ਤੋਂ ਉੱਪਰ ਉੱਠ ਕੇ ਉਚਾਈਆਂ ਨੂੰ ਹਾਸਲ ਕਰ ਸਕਦੇ ਨੇ। ਕੇਂਦਰੀ ਮੰਤਰੀਆਂ ਅਮਿਤ ਸ਼ਾਹ, ਜੇ. ਪੀ. ਨੱਡਾ, ਰਾਜਨਾਥ ਸਿੰਘ, ਜੋਤੀਰਾਦਿੱਤਿਆ ਸਿੰਧੀਆ ਅਤੇ

ਕਾਂਗਰਸ ਦੇ ਸਾਬਕਾ ਪ੍ਰਧਾਨ ਸੋਨੀਆ ਗਾਂਧੀ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਸਮੇਤ ਹੋਰ ਨੇਤਾਵਾਂ ਨੇ ਵੀ ਸਾਬਕਾ ਪ੍ਰਧਾਨ ਮੰਤਰੀ ਦੇ ਘਰ ਜਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ। ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦਾ ਬੀਤੀ ਰਾਤ ਨਵੀਂ ਦਿੱਲੀ ਵਿਚ ਦੇਹਾਂਤ ਹੋ ਗਿਆ ਸੀ । ਉਹ 92 ਸਾਲ ਦੇ ਸਨ। ਡਾ: ਸਿੰਘ ਨੇ ਏਮਸ ਦਿੱਲੀ ਵਿਖੇ ਆਖ਼ਰੀ ਸਾਹ ਲਏ । ਉਹ ਆਪਣੇ ਪਿੱਛੇ ਪਤਨੀ ਗੁਰਸ਼ਰਨ ਕੌਰ ਤੇ ਤਿੰਨ ਧੀਆਂ ਛੱਡ ਗਏ ਨੇ ।

---------------------------------------------------

ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿਚ ਸਲਾਨਾ ਤਿੰਨ ਰੋਜ਼ਾ ਸ਼ਹੀਦੀ ਜੋੜ ਮੇਲ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਵਿਸ਼ਾਲ ਸ਼ਹੀਦੀ ਨਗਰ ਕੀਰਤਨ ਸਜਾਇਆ ਗਿਆ, ਜਿਸ ਦਾ ਵੱਖ-ਵੱਖ ਪੜਾਵਾਂ ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਤੇ ਪਾਲਕੀ ਸਾਹਿਬ ਤੇ ਫੁੱਲਾਂ ਦੀ ਵਰਖਾ ਕੀਤੀ ਗਈ । ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਭਾਈ ਹਰਪਾਲ ਸਿੰਘ ਨੇ ਆਰੰਭਤਾ ਦੀ ਅਰਦਾਸ ਕੀਤੀ ਜਦਕਿ ਸ੍ਰੀ ਅਕਾਲ

ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵਲੋਂ ਹੁਕਮਨਾਮਾ ਲਿਆ ਗਿਆ। ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਪਹੁੰਚ ਕੇ ਸਮਾਪਤ ਹੋਵੇਗਾ।

---------------------------------------------------

ਪੰਜਾਬ ਤੇ ਚੰਡੀਗੜ੍ਹ ਵਿੱਚ ਸਵੇਰ ਤੋਂ ਹੋ ਰਹੀ ਬਾਰਿਸ਼ ਕਾਰਨ ਸੀਤ ਲਹਿਰ ਨੇ ਜੋਰ ਫੜ ਲਿਆ ਏ । ਮੌਸਮ ਵਿਭਾਗ ਨੇ ਪੰਜਾਬ ਦੇ 21 ਜ਼ਿਲ੍ਹਿਆਂ ਵਿੱਚ ਹਨੇਰੀ ਚੱਲਣ ਦਾ ਯੈਲੋ ਅਲਰਟ ਜਾਰੀ ਕੀਤਾ ਏ। ਕੁਝ ਥਾਵਾਂ 'ਤੇ ਗੜੇ ਪੈਣ ਦੀ ਸੰਭਾਵਨਾ ਏ । ਹਾਲਾਂਕਿ ਪਿਛਲੇ 24 ਘੰਟਿਆਂ 'ਚ ਸੂਬੇ ਦੇ ਔਸਤ ਤਾਪਮਾਨ 'ਚ 0.6 ਡਿਗਰੀ ਦਾ ਵਾਧਾ ਹੋਇਆ ਏ , ਜੋ ਕਿ ਆਮ ਨਾਲੋਂ 2 ਡਿਗਰੀ ਵੱਧ ਏ।

---------------------------------------------------

ਅਜਨਾਲਾ ਦੇ ਡੀ.ਐਸ.ਪੀ. ਗੁਰਵਿੰਦਰ ਸਿੰਘ ਔਲਖ ਦੀ ਅਗਵਾਈ ਹੇਠ ਥਾਣਾ ਅਜਨਾਲਾ ਦੀ ਪੁਲਿਸ ਨੇ 10 ਕਰੋੜ ਦੀ ਹੈਰੋਇਨ ਤੇ 1 ਲੱਖ 40 ਹਜ਼ਾਰ ਦੀ ਡਰੱਗ ਮਨੀ ਸਮੇਤ 1 ਨਸ਼ਾ ਤਸਕਰ ਨੂੰ ਕਾਬੂ ਕੀਤਾ ਏ ਜਦਕਿ 1 ਹੋਰ ਨਸ਼ਾ ਤਸਕਰ ਭੱਜਣ ਵਿਚ ਕਾਮਯਾਬ ਹੋ

ਗਿਆ ਏ । ਨਸ਼ਾ ਤਸਕਰਾਂ ਦੀ ਪਛਾਣ ਹਰਮਨ ਸਿੰਘ ਤੇ ਸ਼ਮਸ਼ੇਰ ਸਿੰਘ ਵਜੋਂ ਹੋਈ ਏ। ਇਹ ਦੋਵੇਂ ਬਾਬਾ ਬਕਾਲਾ ਦੇ ਰਿਹਣ ਵਾਲੇ ਸਨ ।ਇਨਾਂ ਖਿਲਾਫ਼ ਥਾਣਾ ਅਜਨਾਲਾ ਵਿਖੇ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਏ।

-----------------------------------------------------------

ਸਮਾਜ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਪੰਜਾਬ ਸਰਕਾਰ ਵਲੋਂ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਾਰੰਟੀ ਐਕਟ (ਮਗਨਰੇਗਾ) ਤਹਿਤ 1,000 ਆਂਗਣਵਾੜੀ ਕੇਂਦਰਾਂ ਦਾ ਨਿਰਮਾਣ ਕੀਤਾ ਜਾ ਰਿਹਾ ਏ । ਉਹਨਾਂ ਦੱਸਿਆ ਕਿ ਹਰੇਕ ਆਂਗਣਵਾੜੀ ਕੇਂਦਰ ਨੂੰ 12 ਲੱਖ ਰੁਪਏ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਏ । ਮੰਤਰੀ ਨੇ ਦੱਸਿਆ ਕਿ ਨਵੇਂ ਕੇਂਦਰਾਂ ਦੀ ਉਸਾਰੀ ਤੋਂ ਇਲਾਵਾ ਪੰਜਾਬ ਸਰਕਾਰ ਸੂਬੇ ਭਰ ਵਿੱਚ ਮੌਜੂਦ 350 ਆਂਗਣਵਾੜੀ ਕੇਂਦਰਾਂ ਨੂੰ ਅਪਗ੍ਰੇਡ ਕਰ ਰਹੀ ਏ। ਅੱਪਗਰੇਡ ਕੀਤੇ ਗਏ ਕੇਂਦਰਾਂ ਵਿੱਚ ਲਾਭਪਾਤਰੀਆਂ ਲਈ ਬਿਹਤਰ ਸੁਵਿਧਾਵਾਂ ਸ਼ਾਮਲ ਕੀਤੀਆਂ ਜਾਣਗੀਆਂ।

---------------------------------------------------------

ਸ਼ਹੀਦੀ ਸਭਾ ਮੌਕੇ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਕੈਬਨਿਟ ਮੰਤਰੀਆਂ ਤੇ ਵਿਧਾਇਕਾਂ ਸਮੇਤ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ। ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਓਹਨਾਂ ਕਿਹਾ ਕਿ ਫ਼ਤਹਿਗੜ੍ਹ ਸਾਹਿਬ ਵਰਗੀ ਮਹਾਨ ਧਰਤੀ ਤੇ ਇਥੇ ਹੋਈਆਂ ਮਹਾਨ ਸ਼ਹਾਦਤਾਂ ਦੀ ਮਿਸਾਲ ਦੁਨੀਆਂ ਵਿਚ ਹੋਰ ਕਿਤੇ ਵੀ ਨਹੀਂ ਮਿਲਦੀ। ਉਹਨਾਂ ਕਿਹਾ ਕਿ ਸਾਹਿਬਜ਼ਾਦਿਆਂ ਦੀਆਂ ਸ਼ਹਾਦਤਾਂ ਤੋਂ ਸੇਧ ਲੈ ਕੇ ਸਮਾਜ ਨੂੰ ਬਿਹਤਰ ਬਣਾਉਣ ਲਈ ਕਾਰਜ ਕਰਨੇ ਵੀ ਜ਼ਰੂਰੀ ਨੇ। ਸ੍ਰੀ ਅਰੋੜਾ ਨੇ ਕਿਹਾ ਕਿ ਇਹ ਸ਼ਹਾਦਤਾਂ ਸਾਨੂੰ ਬਿਨਾਂ ਕਿਸੇ ਡਰ-ਭੈਅ ਤੋਂ ਸੱਚ ਦੀ ਆਵਾਜ਼ ਬੁਲੰਦ ਕਰਨ ਦੀ ਸੇਧ ਦਿੰਦੀਆਂ ਨੇ। ਇਸ ਮੌਕੇ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਰੌੜੀ, ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਗੁਰਮੀਤ ਸਿੰਘ ਖੁੱਡੀਆਂ, ਤਰੁਨਪ੍ਰੀਤ ਸਿੰਘ ਸੌਂਦ, ਹਰਦੀਪ ਸਿੰਘ ਮੁੰਡੀਆਂ, ਡਾ. ਬਲਜੀਤ ਕੋਰ ਤੇ ਹੋਰ ਹਾਜ਼ਰ ਸਨ।

---

ਐਨ.ਆਰ.ਆਈ. ਪੰਜਾਬੀਆਂ ਦੇ ਮਸਲੇ ਆਨਲਾਈਨ ਹੱਲ ਕਰਨ ਵਾਲਾ ਪੰਜਾਬ ਪਹਿਲਾ ਸੂਬਾ ਬਣ ਗਿਆ ਏ। ਪੰਜਾਬ ਦੇ ਐਨ.ਆਰ.ਆਈ. ਵਿਭਾਗ ਵਲੋਂ ਸ਼ੁਰੂ ਕੀਤੀ 'ਆਨਲਾਈਨ ਐਨ.ਆਰ.ਆਈ ਮਿਲਣੀ' ਨਾਮਕ ਵਿਲੱਖਣ ਸਹੂਲਤ ਤਹਿਤ ਵੱਖ-ਵੱਖ ਦੇਸ਼ਾਂ 'ਚ ਰਹਿ ਰਹੇ ਪੰਜਾਬੀ ਆਪਣੇ ਮਸਲੇ/ਸ਼ਿਕਾਇਤਾਂ ਸਿੱਧੀਆਂ ਵਿਭਾਗ ਦੇ ਮੰਤਰੀ ਅਤੇ ਸੀਨੀਅਰ ਅਧਿਕਾਰੀਆਂ ਅਤੇ ਐਨ.ਆਰ.ਆਈ. ਵਿੰਗ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਦੇ ਧਿਆਨ 'ਚ ਲਿਆ ਸਕਦੇ ਨੇ। ਆਨਲਾਈਨ ਮਿਲਣੀ 'ਚ ਵਿਭਾਗ ਦੇ ਮੰਤਰੀ, ਐਨ.ਆਰ.ਆਈ. ਵਿਭਾਗ, ਪੰਜਾਬ ਦੇ ਸੀਨੀਅਰ ਅਧਿਕਾਰੀ ਅਤੇ ਐਨ.ਆਰ.ਆਈ ਵਿੰਗ ਦੇ ਸੀਨੀਅਰ ਪੁਲਿਸ ਅਧਿਕਾਰੀ ਸ਼ਾਮਲ ਹੁੰਦੇ ਨੇ ਤੇ ਪ੍ਰਾਪਤ ਸ਼ਿਕਾਇਤ ਦਾ ਮੌਕੇ 'ਤੇ ਹੀ ਨਿਪਟਾਰਾ ਕਰਨ ਦਾ ਯਤਨ ਕਰਦੇ ਨੇ।

---

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ

ਅਤੇ ਪੰਜਾਬ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਸਮੇਤ ਸੂਬੇ ਦੇ ਆੜ੍ਹਤੀਆਂ ਤੇ ਰਾਈਸ ਮਿੱਲਰਾਂ ਨਾਲ ਖੇਤੀ ਨੀਤੀ ਦੇ ਖਰੜੇ ਬਾਰੇ ਵਿਚਾਰ-ਵਟਾਂਦਰਾ ਕੀਤਾ। ਇਸ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਖਰੜੇ ਵਿਚ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) ਨੂੰ ਪੂਰੀ ਤਰ੍ਹਾਂ ਅਣਗੌਲਿਆ ਗਿਆ ਏ। ਖੇਤੀਬਾੜੀ ਮੰਤਰੀ ਨੇ ਵਿਜੈ ਕਾਲੜਾ ਤੇ ਰਵਿੰਦਰ ਸਿੰਘ ਚੀਮਾ ਦੀ ਅਗਵਾਈ ਵਾਲੇ ਆੜ੍ਹਤੀਆਂ ਤੇ ਤਰਸੇਮ ਸੈਣੀ ਦੀ ਅਗਵਾਈ ਵਾਲੇ ਰਾਈਸ ਮਿੱਲਰਾਂ ਨੂੰ ਅਪੀਲ ਕੀਤੀ ਕਿ ਓਹ ਇਸ ਨੀਤੀ ਬਾਰੇ ਆਪਣੇ ਸੁਝਾਅ ਤੇ ਚਿੰਤਾਵਾਂ ਪੰਜਾਬ ਮੰਡੀ ਬੋਰਡ ਨੂੰ ਭੇਜਣ ਤਾਂ ਜੋ ਕੇਂਦਰ ਸਰਕਾਰ ਨੂੰ ਭੇਜੇ ਜਾਣ ਵਾਲੇ ਜਵਾਬ ਵਿਚ ਉਨ੍ਹਾਂ ਨੂੰ ਵੀ ਸ਼ਾਮਲ ਕੀਤਾ ਜਾ ਸਕੇ।